**Vigilance Bureau Punjab**

# VIGILANCE NABS PSPCL CLERK TAKING BRIBE OF Rs. 25000

Chandigarh July 25: State Vigilance Bureau today arrested consumer clerk of PSPCL for taking bribe of Rs. 25000/-.

Disclosing this here an official spokesperson of the Vigilance Bureau said Clerk Gurmukh Singh posted at PSPCL office, Patran, Patiala district was arrested on the complaint of Gurpreet Singh of Village Kheri Nagaiha in Patiala district.

The complaint has approached the VB and alleged that the above said Clerk was demanding Rs. 45,000 for transfer the tubewell connection in his name. It may be mentioned here that the accused clerk had already taken Rs. 4000 as a first installment on accomplish this job.

After verifying his information, a Vigilance team laid a trap and the accused clerk arrested on the spot while accepting bribe of Rs. 25,000 from the complainant in the presence of two official witnesses.

He informed that a case under Prevention of Corruption Act has been registered against the accused at VB police station Patiala and further investigation was under progress.

----------------

**ਵਿਜੀਲੈਂਸ ਬਿਓਰੋ ਪੰਜਾਬ**

# ਵਿਜੀਲੈਂਸ ਵੱਲੋਂ ਬਿਜਲੀ ਨਿਗਮ ਦਾ ਕਲਰਕ 25,000 ਰੁਪਏ ਦੀ ਰਿਸ਼ਵਤ ਲੈਂਦਾ ਰੰਗੇ ਹੱਥੀਂ ਕਾਬੂ

ਚੰਡੀਗੜ੍ਹ 25 ਜਲਾਈ: ਪੰਜਾਬ ਵਿਜੀਲੈਂਸ ਬਿਊਰੋ ਨੇ ਪੀ.ਐਸ.ਪੀ.ਸੀ.ਐਲ, ਪਾਤੜਾਂ, ਜਿਲਾ ਪਟਿਆਲਾ ਦਫਤਰ ਵਿਖੇ ਤਾਇਨਾਤ ਇਕ ਖਪਤਕਾਰ ਕਲਰਕ ਨੂੰ ਰਿਸ਼ਵਤ ਲੈਦਿਆਂ ਰੰਗੇ ਹੱਥੀਂ ਗ੍ਰਿਫਤਾਰ ਕੀਤਾ ਹੈ।

ਇਸ ਸਬੰਧੀ ਜਾਣਕਾਰੀ ਦਿੰਦਿਆਂ ਵਿਜੀਲੈਂਸ ਬਿਓਰੋ ਦੇ ਬੁਲਾਰੇ ਨੇ ਦੱਸਿਆ ਕਿ ਕਲਰਕ ਗੁਰਮੁਖ ਸਿੰਘ ਨੂੰ ਸ਼ਿਕਾਇਤਕਰਤਾ ਗੁਰਪ੍ਰੀਤ ਸਿੰਘ ਵਾਸੀ ਪਿੰਡ ਖੇੜੀ ਨਗਾਹੀਆ, ਜਿਲਾ ਪਟਿਆਲਾ ਦੀ ਸ਼ਿਕਾਇਤ ’ਤੇ 25,000 ਰੁਪਏ ਦੀ ਰਿਸ਼ਵਤ ਲੈਂਦਿਆਂ ਰੰਗੇ ਹੱਥੀਂ ਕਾਬੂ ਕੀਤਾ ਗਿਆ ਹੈ। ਸ਼ਿਕਾਇਤਕਰਤਾ ਨੇ ਵਿਜੀਲੈਂਸ ਬਿਊਰੋ ਨੂੰ ਆਪਣੀ ਸ਼ਿਕਾਇਤ ਵਿੱਚ ਦੋਸ਼ ਲਾਇਆ ਕਿ ਉਸ ਦੇ ਖੇਤ ਵਿਚ ਲੱਗੇ ਬਿਜਲੀ ਦੇ ਮੋਟਰ ਕੁਨੈਕਸ਼ਨ ਜੋ ਕਿ ਉਸ ਦੇ ਰਿਸ਼ਤੇਦਾਰ ਦੇ ਨਾਮ ’ਤੇ ਹੈ ਨੂੰ ਆਪਣੇ ਨਾਮ ’ਤੇ ਤਬਦੀਲ ਕਰਾਉਣ ਬਦਲੇ ਉਕਤ ਕਲਰਕ 45,000 ਰੁਪਏ ਦੀ ਮੰਗ ਕਰ ਰਿਹਾ ਹੈ। ਦੱਸਣਯੋਗ ਹੈ ਕਿ ਦੋਸ਼ੀ ਕਲਰਕ ਉਕਤ ਕਾਰਜ ਨੂੰ ਕਰਨ ਬਦਲੇ ਪਹਿਲਾਂ ਹੀ 4000 ਰੁਪਏ ਪਹਿਲੀ ਕਿਸ਼ਤ ਵਜੋਂ ਹਾਸਲ ਕਰ ਚੁੱਕਾ ਸੀ।

ਵਿਜੀਲੈਂਸ ਵਲੋਂ ਸ਼ਿਕਾਇਤ ਦੀ ਪੜਤਾਲ ਉਪਰੰਤ ਉਕਤ ਦੋਸ਼ੀ ਕਲਰਕ ਨੂੰ ਦੋ ਸਰਕਾਰੀ ਗਵਾਹਾਂ ਦੀ ਹਾਜਰੀ ਵਿਚ 25,000 ਰੁਪਏ ਦੀ ਰਿਸ਼ਵਤ ਲੈਂਦਿਆਂ ਦਬੋਚ ਲਿਆ।

ਬੁਲਾਰੇ ਨੇ ਦੱਸਿਆ ਕਿ ਉਕਤ ਦੋਸ਼ੀ ਖਿਲਾਫ਼ ਵਿਜੀਲੈਂਸ ਬਿਓਰੋ ਨੇ ਭ੍ਰਿਸ਼ਟਾਚਾਰ ਰੋਕੂ ਕਾਨੂੰਨ ਦੀਆਂ ਵੱਖ-ਵੱਖ ਧਾਰਾਵਾਂ ਤਹਿਤ ਪਟਿਆਲਾ ਸਥਿਤ ਵਿਜੀਲੈਂਸ ਬਿਓਰੋ ਦੇ ਥਾਣੇ ਵਿਚ ਮੁਕੱਦਮਾ ਦਰਜ ਕਰਕੇ ਅਗਲੇਰੀ ਕਾਰਵਾਈ ਆਰੰਭ ਦਿੱਤੀ ਹੈ।